ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## 28 ਅਗਸਤ ਨੂੰ ਵੀ ਰਹੇਗੀ ਚੱਪੇ-ਚੱਪੇ 'ਤੇ ਤਿੱਖੀ ਨਜ਼ਰ-ਡਿਪਟੀ ਕਮਿਸ਼ਨਰ

7 ਦਿਨਾਂ ਦੇ ਅੰਦਰ-ਅੰਦਰ ਹਿੰਸਾ ਦੌਰਾਨ ਹੋਏ ਨੁਕਸਾਨ ਦਾ ਕੀਤਾ ਜਾ ਸਕਦਾ ਹੈ ਦਾਅਵਾ

ਸਕੂਲ, ਕਾਲਜ ਤੇ ਆਂਗਣਵਾੜੀ ਸੈਂਟਰ ਤੇ ਸੇਵਾ ਕੇਂਦਰ 28 ਅਗਸਤ ਨੂੰ ਰਹਿਣਗੇ ਬੰਦ

ਅਮਨ, ਸ਼ਾਂਤੀ ਤੇ ਆਪਸੀ ਭਾਈਚਾਰਾ ਬਰਕਰਾਰ ਰੱਖਣ ਦੀ ਕੀਤੀ ਅਪੀਲ

ਜ਼ਿਲ੍ਹੇ ਅੰਦਰ ਮਾਹੌਲ ਰਿਹਾ ਪੂਰੀ ਤਰ੍ਹਾਂ ਸ਼ਾਂਤਮਈ

ਫਾਜ਼ਿਲਕਾ/ਅਬੋਹਰ 27 ਅਗਸਤ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਡੀਆ ਕਰਮੀਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਅੰਦਰ ਪੂਰੀ ਤਰ੍ਹਾਂ ਅਮਨ ਤੇ ਸ਼ਾਂਤੀ ਬਣੀ ਹੋਈ ਹੈ। ਕਿਸੇ ਕਿਸਮ ਦਾ ਕੋਈ ਖਤਰਾ ਨਹੀਂ ਤੇ ਸਥਿਤੀ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ। ਉਨ੍ਹਾਂ ਡੇਰਾ ਸੱਚਾ ਸੌਦਾ ਦੇ ਸ਼ਰਧਾਲੂਆਂ ਨੂੰ ਇਸੇ ਤਰ੍ਹਾਂ ਅਮਨ ਤੇ ਸ਼ਾਂਤੀ ਦੀ ਕਾਨੂੰਨੀ ਵਿਵਸਥਾ ਬਣਾਏ ਰੱਖਣ 'ਤੇ ਧੰਨਵਾਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਅਮਨ ਤੇ ਸ਼ਾਂਤੀ ਕਾਇਮ ਰੱਖਣ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਸਾਰੇ ਸਰਕਾਰੀ, ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ, ਕਾਲਜਾਂ ਤੋਂ ਇਲਾਵਾ ਆਂਗਣਵਾੜੀ ਸੈਂਟਰ ਤੇ ਸੇਵਾ ਕੇਂਦਰ ਮਿਤੀ 28 ਅਗਸਤ 2017 ਤੱਕ ਬੰਦ ਰਹਿਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡੇਰਾ ਸੱਚਾ ਸੌਦਾ ਸਮਰੱਥਕਾ ਵੱਲੋ ਕੀਤੀ ਗਈ ਹਿੰਸਾ ਦੌਰਾਨ ਕਿਸੇ ਵੀ ਵਿਅਕਤੀ ਦੀ ਜੇਕਰ ਕਿਸੇ ਚਲ ਤੇ ਅਚਲ ਸੰਪਤੀ ਦਾ ਨੁਕਸਾਨ ਹੋਇਆ ਹੈ ਤਾਂ ਉਹ 7 ਦਿਨਾਂ ਦੇ ਅੰਦਰ-ਅੰਦਰ ਪੁਖਤਾ ਸਬੂਤ ਪੇਸ਼ ਕਰਕੇ ਦਾਅਵਾ ਕਰ ਸਕਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਧਾਰਾ 144 ਲਾਗੂ ਰਹੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਮਹਿਲਾ ਪੁਲਿਸ ਕਰਮਚਾਰੀਆਂ ਵੱਲੋਂ ਲਗਾਤਾਰ ਨਿਭਾਈ ਜਾ ਰਹੀ ਡਿਊਟੀ ਦੀ ਪ੍ਰਸ਼ੰਸਾ ਵੀ ਕੀਤੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਵੇਂ ਜ਼ਿਲ੍ਹੇ ਅੰਦਰ ਪੂਰੀ ਅਮਨ ਤੇ ਸ਼ਾਂਤੀ ਹੈ ਪਰ ਫਿਰ ਵੀ 28 ਅਗਸਤ ਤੱਕ ਪੂਰੀ ਚੌਕਸੀ ਵਰਤੀ ਜਾਵੇਗੀ ਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਦੀ ਇਜ਼ਾਜਤ ਨਹੀਂ ਦਿੱਤੀ ਜਾਵੇਗੀ। ਜ਼ਿਲ੍ਹੇ ਅੰਦਰ ਨਿਯੁਕਤ ਕੀਤੇ ਗਏ ਡਿਊਟੀ ਮੈਜਿਸਟਰੇਟਾਂ ਨੂੰ ਆਪਣੀ ਡਿਊਟੀ 24 ਘੰਟੇ ਜਾਰੀ ਰੱਖਣ ਦੀ ਹਦਾਇਤ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਜੇ ਤੱਕ ਜ਼ਿਲ੍ਹੇ ਅੰਦਰ ਜਲਾਲਾਬਾਦ, ਫਾਜ਼ਿਲਕਾ ਤੇ ਅਬੋਹਰ ਵਿਖੇ ਮਾਹੌਲ ਪੂਰੀ ਤਰ੍ਹਾਂ ਸ਼ਾਂਤੀਪੂਰਵਕ ਹੈ। ਉਨ੍ਹਾਂ ਮੀਡੀਆ ਕਰਮੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਕਿਸੇ ਵੀ ਸੂਚਨਾ ਦੀ ਜਾਂਚ ਕੀਤੇ ਬਿਨਾਂ ਜਾਰੀ ਨਾ ਕਰਨ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਜ਼ਿਲ੍ਹੇ ਅੰਦਰ ਪਹਿਲਾਂ ਤਰ੍ਹਾਂ ਸ਼ਾਂਤੀ ਤੇ ਆਪਸੀ ਭਾਈਚਾਰੇ ਨੂੰ ਕਾਇਮ ਰੱਖਣ ਲਈ ਇਸੇ ਤਰ੍ਹਾਂ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵਿਸ਼ਵਾਸ਼ ਦਵਾਇਆ ਹੈ ਕਿ ਮੌਜੂਦਾਂ ਹਾਲਾਤਾਂ 'ਤੇ ਕੜੀ ਨਿਗਰਾਨੀ ਰੱਖੀ ਜਾ ਰਹੀ ਹੈ। ਕਿਸੇ ਵੀ ਸ਼ਰਾਰਤੀ ਅਨਸਰ ਨੂੰ ਜ਼ਿਲ੍ਹੇ ਅੰਦਰ ਅਮਨ ਤੇ ਸ਼ਾਂਤੀ ਭੰਗ ਕਰਨ ਦੀ ਕੋਝੀ ਹਰਕਤ ਨਹੀਂ ਕਰਨ ਦਿੱਤੀ ਜਾਵੇਗੀ।

ਇਸ ਮੌਕੇ ਐਸ.ਐਸ.ਪੀ. ਡਾ. ਕੇਤਨ ਬਾਲੀਰਾਮ ਪਾਟਿਲ, ਐਸ.ਪੀ. ਐਚ. ਸ. ਜਸਵਿੰਦਰ ਸਿੰਘ, ਐਸ.ਪੀ. ਅਬੋਹਰ ਸ. ਅਮਰਜੀਤ ਸਿੰਘ ਆਦਿ ਹਾਜ਼ਰ ਸਨ।